ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਵਣ ਕੰਪਲੈਕਸ ਸੈਕਟਰ-68, ਐਸ.ਏ.ਐਸ. ਨਗਰ

http://www.punjabsssb.gov.in/

## ਇਸ਼ਤਿਹਾਰ ਨੰਬਰ : 02/2020

### ਜਨਤਕ ਨਿਯੁਕਤੀਆਂ

### ਮਹੱਤਵਪੂਰਨ ਮਿਤੀਆਂ

| | |
|---|---|
| ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ : | 12-02-2020 |
| ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ : | 15-02-2020 |
| ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ : | 06-03-2020 |
| ਫੀਸ ਭਰਨ ਦੀ ਆਖਰੀ ਮਿਤੀ : | 09-03-2020 |

### ਡਿਟੇਲਡ ਸੂਚਨਾ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ। ਜਿਸ ਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਕੀਤੇ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ "ਸੀ" ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

1. ਜਾਣ - ਪਹਿਚਾਣ:-

ਪੰਜਾਬ ਸਰਕਾਰ ਦੇ ਦਫਤਰ ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ ਤੋਂ ਮੰਗ-ਪੱਤਰ ਪ੍ਰਾਪਤ ਮੰਗ ਪੱਤਰਾਂ ਅਤੇ ਜਾਣਕਾਰੀ ਅਨੁਸਾਰ ਗਰੁੱਪ " ਸੀ" ਕੂਪਨ ਕਲਰਕ, ਟੈਲੀਫੋਨ ਓਪਰੇਟਰ, ਵਰਕ ਮਿਸਤਰੀ, ਏ.ਸੀ. ਮਕੈਨਿਕ, ਪਲੰਬਰ ਅਤੇ ਕਾਰਪੈਂਟਰਾਂ ਦੀਆਂ ਆਸਾਮੀਆਂ ਦਿੱਲੀ ਵਿਖੇ ਭਰਨ ਲਈ ਬੋਰਡ ਦੀ ਵੈੱਬਸਾਈਟ http://www.punjabsssb.gov.in **ਯੋਗ ਉਮੀਦਵਾਰਾਂ ਤੋ ਮਿਤੀ 15-02-2020 ਤੋ 06-03-2020 ਵਜੇ ਤੱਕ ਆਨਲਾਈਨ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।**

**ਵਿਭਾਗ ਦਾ ਨਾਮ** :ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ ।

**ਆਸਾਮੀਆਂ ਦੇ ਨਾਮ /ਵਰਗੀਕਰਣ :-**

ੳ) **ਕੂਪਨ ਕਲਰਕ -ਕੁੱਲ ਅਸਾਮੀਆਂ** =2 **ਤਨਖਾਹ ਸਕੇਲ** 10300-34800+3200
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ -ਜਨਰਲ -1,ਅ.ਜ.(ਮ.ਬ.)-1

ਅ) **ਟੈਲੀਫੋਨ ਓਪਰੇਟਰ- ਕੁੱਲ ਅਸਾਮੀਆਂ =9** **ਤਨਖਾਹ ਸਕੇਲ 5910-20200+2400**
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ -ਜਨਰਲ-2, ਜਨਰਲ(EWSs)-1, ਅ.ਜ.(ਮ.ਬ.-2, ਆਰ.ਓ-2), ਪ.ਸ.-1,ਸਾਬਕਾ ਫੌਜੀ(Self)-1

ੲ) **ਵਰਕ ਮਿਸਤਰੀ- ਕੁੱਲ ਆਸਾਮੀਆਂ-1** **ਤਨਖਾਹ ਸਕੇਲ** 5910-20200+2400
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ -ਜਨਰਲ-1

ਸ) **ਏ.ਸੀ. ਮਕੈਨਿਕ- ਕੁੱਲ ਆਸਾਮੀਆਂ-2** **ਤਨਖਾਹ ਸਕੇਲ** 5910-20200+2400
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ - ਜਨਰਲ-1,ਅ.ਜ.(ਮ.ਬ.)-1

ਹ) **ਪਲੰਬਰ- ਕੁੱਲ ਆਸਾਮੀਆਂ-1** **ਤਨਖਾਹ ਸਕੇਲ** 5910-20200+2400
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ - ਜਨਰਲ-1

ਕ) **ਕਾਰਪੈਂਟਰ- ਕੁਲ ਆਸਾਮੀਆਂ-1** **ਤਨਖਾਹ ਸਕੇਲ** 5910-20200+2400
ਅਸਾਮੀਆਂ ਦੀ ਕੈਟਾਗਰੀ ਵਾਈਜ ਵੰਡ - ਜਨਰਲ-1

Scanned by CamScanner

ਕੁੱਲ ਅਸਾਮੀਆਂ ਦੀ ਗਿਣਤੀ = 16

ਨੋਟ :- ਪਰਖਕਾਲ ਦੇ ਸਮੇ ਦੌਰਾਨ ਬਿਨ੍ਹਾਂ ਕਿਸੇ ਭੱਤਿਆਂ ਤੇ ਮੁੱਢਲੀ ਤਨਖਾਹ/ਡੀ.ਸੀ.ਰੇਟ ਮਿਲਣਯੋਗ ਹੋਵੇਗਾ ।

ਵਿਦਿਅਕ ਯੋਗਤਾਵਾਂ ਅਤੇ ਤਨਖਾਹ ਸਕੇਲ ਹੇਠ ਲਿਖੇ ਅਨੁਸਾਰ ਹਨ :-

| ਲੜੀ ਨੰ: | ਆਸਾਮੀ ਦਾ ਨਾਂ | ਵਿਦਿਅਕ ਯੋਗਤਾ | ਪੇਅ ਸਕੇਲ |
|---|---|---|---|
| 1. | ਕੁਪਨ ਕਲਰਕ | i)Should Possess a Bachelor's degree in Commerce (B.Com) from a recognized University; and<br><br>ii)Should have passed a computer course of at least one hundred and twenty hours with hands on experience inthe use of Personal Computer or information Technology in office productivity applications or Desktop Publishing applications from Government recognized Institution or a reputed Institution, which is I.S.O. 9001 certified.<br>Or<br>Should possess a computer information Technology course equivalent to 'O' level certificate of the Department of Electronics Accreditation of Computer Course (DOEACC) of Government of India;<br><br>Provided that perference shall be given to the candidates possessing higher qualification in the same field. | 10300-34800+3200 |
| 2. | ਟੈਲੀਫੋਨ ਓਪਰੇਟਰ | i) Should possess a Bachelor's degree from a recognized University;<br><br>ii)Should possess one year Diploma in Hotel Reception and book keeping from a recognized institute; and<br><br>iii) Should have passed a computer course of at least one hundred and twenty hours with hands on experience in the use of Personal Computer of Information Technology in office productivity applications or Desktop Publishing applications from Government recognized Institution or a reputed Institution, which is I.S.O. 9001 certified.<br>Or<br>Should possess a Computer Information Technology course equivalent to 'O' level certificate of the Department of Electronics Accreditation of Computer Course (DOEACC) of Government of India:<br><br>Provided that preference shall be given to the candidates having | 5910-20200+2400 |

Scanned by CamScanner

| | | | |
|---|---|---|---|
| | | experience in the same field in Front Office of Hotel Industry or Guest houses etc. | |
| 3. | ਵਰਕ ਮਿਸਤਰੀ | Should possess I.T.I. Certificate in the relevant trade (Mason/Carpenter) from any Government Institute or equivalent and has got at least two years experience of working as such. | 5910-20200+2400 |
| 4. | ਏ.ਸੀ.ਮਕੈਨਿਕ | Should possess National Trade Certificate/National Apprenticeship Certificate in Air Conditioning and Refregeration Trade. | 5910-20200+2400 |
| 5. | ਪਲੰਬਰ | Should have passed National Trade Certificate/National Apprenticeship Certificate in Plumbing/Fitter/Turner Trade and should have got at least two years experience as plumber. | 5910-20200+2400 |
| 6. | ਕਾਰਪੈਂਟਰ | Should possess a Trade certificate in Carpentry from Industrial Training Institute and has got at least two years experience of working as a Carpenter. | 5910-20200+2400 |

2. **ਉਮਰ ਸੀਮਾ:-** ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2020 ਨੂੰ ਹੇਠ ਲਿਖੇ ਅਨੁਸਾਰ ਹੋਣੀ ਚਾਹੀਦੀ ਹੈ:

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) ਪੰਜਾਬ ਦੇ ਵਸਨੀਕ ਅੰਗਹੀਣਾਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

3. **ਫੀਸ ਦਾ ਵੇਰਵਾ:-**

ਆਮ ਵਰਗ (GEN) - 600/- ਰੁ:

ਐਸ.ਸੀ(SC)/ਬੀ.ਸੀ.(BC)/ਆਰਥਿਕ ਤੌਰ ਤੇ ਕਮਜੋਰ ਵਰਗ (EWS) - 150/- ਰੁ:

Scanned by CamScanner

ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen & Dependent) - 100/- ਰੁ:

ਅੰਗਹੀਣ (Handicapped) - 300/- ਰੁ:

4. ਕੈਟਾਗਰੀ ਕੋਡ(Category codes):

| | |
|---|---|
| 101 | General |
| 102 | S.C (M & B) |
| 103 | S.C (Ramdasia & others ) |
| 104 | B.C |
| 105 | ESM Gen. (self ) |
| 106 | ESM Gen. (D ) |
| 107 | ESM SC (self ) |
| 108 | ESM SC. (D ) |
| 109 | ESM .BC (self ) |
| 110 | ESM BC. (D ) |
| 111 | Sports Gen. |
| 112 | Sports SC |
| 113 | Physical Handicapped (ortho) |
| 114 | Physical Handicapped (Visual impaired ) |
| 115 | Physical Handicapped (Hearing impaired ) |
| 116 | Freedom Fighter |
| 117 | EWS |

5. Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:

(I) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(II) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਇਸਦਾ ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖੇਗਾ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(III) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile Certificate) ਅਪਲੋਡ/ਪੇਸ਼ ਕਰੇਗਾ। ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(IV) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

Scanned by CamScanner

(V) ਉਮੀਦਵਾਰ ਕਾਊਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (valid) ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰੇਗਾ। ਇਹ ਸਰਟੀਫਿਕੇਟ ਸਮਰੱਥ ਅਥਾਰਟੀ ਵੱਲੋਂ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦਾ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(vi) ਜੇਕਰ ਕੋਈ ਉਮੀਦਵਾਰ ਉੱਕਤ ਆਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋ ਹੀ ਰੱਦ ਮੰਨੀ ਜਾਵੇਗੀ ।

6. ਚੋਣ ਵਿਧੀ :-

**ਪ੍ਰਕਾਸ਼ਿਤ ਕੀਤੀਆਂ ਗਈਆਂ ਅਸਾਮੀਆਂ ਸਬੰਧੀ ਉਮੀਦਵਾਰਾਂ ਦੀ ਮੈਰਿਟ ਹੇਠ ਲਿਖੇ ਅਨੁਸਾਰ ਦਰਜ ਆਸਾਮੀਆਂ ਦੇ ਸਾਹਮਣੇ ਦਰਸਾਈ ਚੋਣ ਵਿਧੀ ਰਾਹੀਂ ਤਿਆਰ ਕੀਤੀ ਜਾਵੇਗੀ :-**

| ਲੜੀ ਨੰ: | ਅਸਾਮੀ ਦਾ ਨਾਮ | ਚੋਣ ਵਿਧੀ |
|---|---|---|
| 1. | ਕੂਪਨ ਕਲਰਕ | ਮੈਰਿਟ 10+2 ਵਿਚ ਪ੍ਰਾਪਤ ਅੰਕਾ ਵਿੱਚੋਂ 40%, ਬੀ.ਕਾਮ. ਦਾ 50% ਅਤੇ ਅਸਾਮੀ ਨਾਲ ਸਬੰਧਤ ਉਚੇਰੀ ਯੋਗਤਾ (Higher qualification in the same field) ਦੇ 10% ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ । |
| 2 | ਟੈਲੀਫੋਨ ਓਪਰੇਟਰ | ਮੈਰਿਟ 10+2 ਵਿਚ ਪ੍ਰਾਪਤ ਅੰਕਾ ਵਿਚੋ 40% ਗਰੈਜੂਏਸ਼ਨ ਵਿਚੋ ਪ੍ਰਾਪਤ ਅੰਕਾਂ ਦਾ 50% ਅਤੇ 2 ਸਾਲ ਦੇ ਤਜਰਬੇ (in the same field in Front Office of Hotel Industry or Gudest House etc.) ਦਾ 10% ਅੰਕਾਂ ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ । ਤਜਰਬੇ ਵਜੋਂ 10% ਅੰਕਾਂ ਦੀ ਕੇਵਲ ਉਹ ਹੀ ਉਮੀਦਵਾਰ ਹੱਕਦਾਰ ਹੋਣਗੇ ਜਿਹੜੇ ਉਸ ਸਮੇਂ ਦੌਰਾਨ ਡਰਾਅ ਕੀਤੀ ਤਨਖਾਹ, ਈ.ਪੀ.ਐਫ./ ਈ.ਐਸ.ਆਈ. ਦੀ ਕਟੌਤੀ ਸਬੰਧੀ ਦਸਤਾਵੇਜ਼ ਪੇਸ਼ ਕਰਨਗੇ । |
| 3 | ਵਰਕ ਮਿਸਤਰੀ | ਮੈਰਿਟ ਦਸਵੀਂ ਵਿਚ ਪ੍ਰਾਪਤ ਅੰਕਾਂ ਵਿਚੋ 40% ਤਕਨੀਕੀ ਯੋਗਤਾ ਵਿਚ ਪ੍ਰਾਪਤ ਅੰਕਾਂ ਦਾ 60% ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ ਅਤੇ ਘੱਟੋ ਘੱਟ ਦੋ ਸਾਲ ਦਾ ਤਜਰਵਾ ਲਾਜ਼ਮੀ ਹੈ । |
| 4 | ਏ.ਸੀ. ਮਕੈਨਿਕ | ਮੈਰਿਟ ਦਸਵੀਂ ਵਿਚ ਪ੍ਰਾਪਤ ਅੰਕਾਂ ਵਿਚੋ 40% ਤਕਨੀਕੀ ਯੋਗਤਾ ਵਿਚ ਪ੍ਰਾਪਤ ਅੰਕਾਂ ਦਾ 60% ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ । |
| 5 | ਪਲੰਬਰ | ਮੈਰਿਟ ਦਸਵੀਂ ਵਿਚ ਪ੍ਰਾਪਤ ਅੰਕਾਂ ਵਿਚੋ 40% ਤਕਨੀਕੀ ਯੋਗਤਾ ਵਿਚ ਪ੍ਰਾਪਤ ਅੰਕਾਂ ਦਾ 60% ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ ਅਤੇ ਘੱਟੋ ਘੱਟ ਦੋ ਸਾਲ ਦਾ ਤਜਰਵਾ (working as plumber) ਲਾਜ਼ਮੀ ਹੈ । |
| 6 | ਕਾਰਪੈਂਟਰ | ਮੈਰਿਟ ਦਸਵੀਂ ਵਿਚ ਪ੍ਰਾਪਤ ਅੰਕਾਂ ਵਿਚੋ 40% ਤਕਨੀਕੀ ਯੋਗਤਾ ਵਿਚ ਪ੍ਰਾਪਤ ਅੰਕਾਂ ਦਾ 60% ਨੂੰ ਜੋੜ ਕੇ ਤਿਆਰ ਕੀਤੀ ਜਾਵੇਗੀ ਅਤੇ ਘੱਟੋ ਘੱਟ ਦੋ ਸਾਲ ਦਾ ਤਜਰਵਾ (working as Capenter) ਲਾਜ਼ਮੀ ਹੈ । |

Scanned by CamScanner

7. **ਅਪਲਾਈ ਕਰਨ ਦੀ ਵਿਧੀ:**

(I) ਉਮੀਦਵਾਰ ਬੋਰਡ ਦੀ ਵੈੱਬਸਾਈਟ http://www.punjabsssb.gov.in/ ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(II) ਅਪਲਾਈ ਕਰਨ ਦੀ ਲੋੜੀਂਦੀ ਫੀਸ ਬੈਂਕ ਵਿੱਚ ਜਮ੍ਹਾਂ ਕਰਵਾ ਸਕਦੇ ਹਨ ।

(III) ਉਮੀਦਵਾਰ ਰਜਿਸਟਰੇਸ਼ਨ ਸਮੇਂ ਹੀ ਆਪਣੀ ਪਾਸਪੋਰਟ ਸਾਈਜ਼ ਫੋਟੋਗ੍ਰਾਫ਼ ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਗ੍ਰੈਜੂਏਸ਼ਨ, ਪੋਸਟ ਗ੍ਰੈਜੂਏਸ਼ਨ, ਮੈਟ੍ਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ । ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਉਪਰੰਤ ਹੀ ਫੀਸ ਜਮ੍ਹਾਂ ਕਰਵਾਉਣ ਲਈ ਚਲਾਨ ਜਨਰੇਟ ਹੋਵੇਗਾ ।

(IV) ਜਿਹੜੇ ਉਮੀਦਵਾਰ ਫੀਸ ਦਾ ਭੁਗਤਾਨ ਬੈਕ ਰਾਹੀਂ ਕਰਨਾ ਚਾਹੁੰਦੇ ਹਨ, ਉਹ ਆਨਲਾਈਨ ਅਪਲਾਈ ਕਰਨ ਸਬੰਧੀ ਆਈ.ਡੀ. generate ਹੋਣ ਤੋਂ ਅਗਲੇ ਦਿਨ 11.00 am ਤੋਂ ਬਾਅਦ ਫੀਸ ਭਰਨ ਦੀ ਆਖੀਰੀ ਮਿਤੀ ਤੱਕ ਸਟੇਟ ਬੈਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਫੀਸ ਜਮ੍ਹਾਂ ਕਰਵਾ ਸਕਦੇ ਹਨ। ਉਮੀਦਵਾਰ ਲੋੜੀਂਦੀ ਫੀਸ ਦਾ ਭੁਗਤਾਨ Net Banking ਜਾਂ Credit Card ਜਾਂ Debit Card ਰਾਹੀਂ ਵੀ ਕਰ ਸਕਦੇ ਹਨ। ਅਜਿਹੇ ਉਮੀਦਵਾਰ Online Application ਵਿੱਚ ਮੌਜੂਦ Payment Link ਤੇ ਕਲਿੱਕ ਕਰਕੇ ਫੀਸ ਦਾ ਭੁਗਤਾਨ ਕਰ ਸਕਦੇ ਹਨ ।

(V) ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦਾ ਪ੍ਰੋਸੈਸ ਪੂਰਾ ਹੋ ਸਕੇਗਾ ਅਤੇ ਇਸ ਉਪਰੰਤ ਹੀ Online Application Form ਦਾ ਪ੍ਰਿੰਟ ਜਨਰੇਟ ਹੋਵੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ ।

(VI) ਜੇਕਰ ਉਮੀਦਵਾਰ ਵੱਲੋ ਆਨਲਾਈਨ ਫਾਰਮ ਭਰਦੇ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਅਤੇ ਉਸ ਦੁਆਰਾ ਫੀਸ ਦਾ ਭੁਗਤਾਨ ਬੈਂਕ ਚਲਾਨ ਰਾਹੀਂ ਕੀਤਾ ਜਾਣਾ ਹੈ ਤਾਂ ਚਲਾਨ ਜਨਰੇਟ ਹੋਣ ਤੋਂ ਪਹਿਲਾਂ ਅਤੇ ਜੇਕਰ ਉਸ ਦੁਆਰਾ ਫੀਸ ਦਾ ਭੁਗਤਾਨ Net Banking ਜਾਂ Credit Card ਜਾਂ Debit Card ਰਾਹੀਂ ਕੀਤਾ ਜਾਣਾ ਹੈ ਤਾਂ ਫੀਸ ਦਾ ਆਨਲਾਈਨ ਭੁਗਤਾਨ ਕਰਨ ਤੋ ਪਹਿਲਾਂ ਉਸ ਪਾਸ ਫਾਰਮ ਵਿੱਚ ਇੱਕ ਵਾਰ ਸੋਧ ਕਰਨ ਦਾ ਮੌਕਾ ਹੋਵੇਗਾ। ਪ੍ਰੰਤੂ ਫੀਸ ਦਾ ਭੁਗਤਾਨ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਕੋਈ ਵੀ ਸੋਧ ਨਹੀਂ ਕੀਤੀ ਜਾ ਸਕੇਗੀ ।

(VII) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦੀ ਪਾਤਰਤਾ ਰੱਦ ਸਮਝੀ ਜਾਵੇਗੀ ।

(VIII) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਵੇਗਾ ।

8. **ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਜਾਂ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਿਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਅਪਲਾਈ ਕਰਨਾ।

Scanned by CamScanner

9. **ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

I. ਉਮੀਦਵਾਰਾਂ ਵੱਲੋਂ ਹਾਸਿਲ ਕੀਤੀ ਗਈ ਡਿਗਰੀ UGC/Distance Education Council ਦੁਆਰਾ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ Valid ਹੋਣੀ ਲਾਜ਼ਮੀ ਹੈ।

II. ਉਪਰੋਕਤ ਦਰਸਾਈਆਂ ਅਸਾਮੀਆਂ ਲਈ "ਪੰਜਾਬ ਸਿਵਲ ਸੇਵਾਵਾਂ (Common conditions) ਰੂਲਜ਼, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ।

III. ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸਾਖਾ), ਪੰਜਾਬ ਸਰਕਾਰ ਦਾ ਪੱਤਰ ਨੰ:7/204/2012-4ਐਫ.ਪੀ.1/66, ਮਿਤੀ 15-01-2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

IV. ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਬੋਰਡ ਦੁਆਰਾ ਕਿਸੇ ਵੀ ਸਮੇਂ ਘਟਾਈ ਜਾਂ ਵਧਾਈ ਜਾ ਸਕਦੀ ਹੈ।

V. ਇੰਨ੍ਹਾਂ ਅਸਾਮੀਆਂ ਲਈ ਹਰ ਸ੍ਰੇਣੀ ਲਈ ਰਾਖਵਾਂਕਰਨ ਪੰਜਾਬ ਸਰਕਾਰ ਦੀਆਂ ਰਾਖਵਾਂਕਰਨ ਨੀਤੀ ਸਬੰਧੀ ਮੌਜੂਦਾ ਹਦਾਇਤਾਂ/ਨਿਯਮਾਂ ਅਤੇ ਭਰਤੀ ਦੌਰਾਨ ਜਾਰੀ ਹੋਰ ਹਦਾਇਤਾਂ/ਨਿਯਮਾਂ ਅਨੁਸਾਰ ਲਾਗੂ ਹੋਵੇਗਾ। Economical Weaker Sections ਲਈ ਰਾਖਵਾਂਕਰਨ ਸਮਾਜਿਕ ਨਿਆ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਸਰਕਾਰ ਦੇ ਪੱਤਰ ਨੰ:1/3/2019-RC1/120, ਮਿਤੀ 28 ਮਈ, 2019 ਰਾਹੀਂ ਜਾਰੀ ਹਦਾਇਤਾਂ ਅਤੇ ਇਸਨੂੰ ਲਾਗੂ ਕਰਨ ਸਬੰਧੀ ਭਵਿੱਖ ਵਿੱਚ ਜਾਰੀ ਕੀਤੀ ਜਾਣ ਵਾਲੀ ਹਰ ਹਦਾਇਤ/ਨਿਯਮ ਦੇ ਅਨੁਸਾਰ ਲਾਗੂ ਹੋਵੇਗਾ।

VI. ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ www.punjabsssb.gov.in ਤੇ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨਾ ਹੋਰ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

VII. ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ । ਅਧੀਨ ਸੇਵਾਵਾ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਯੋਗ ਨਹੀਂ ਹੋਵੇਗੀ।

VIII. ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(IX) ਉਮੀਦਵਾਰ ਵਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ। ਉਸਨੂੰ ਇੰਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(X) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ ।

(XI) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਜਾਰੀ ਹੋਣ ਵਾਲੀ ਹੋਰ ਜਾਣਕਾਰੀ ਜਾਂ ਨੋਟਿਸ ਜਾਂ ਤਬਦੀਲੀ ਸਮੇਂ-ਸਮੇਂ ਤੇ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ

Scanned by CamScanner

ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾਂ ਨਹੀਂ ਭੇਜੀ ਜਾਵੇਗੀ। ਜਦੋਂ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਉਦੋਂ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜ਼ਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ ।

(XII) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ ।

(XIII) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਵਿੱਚ ਅਸਾਮੀਆਂ ਉਸ ਵਰਗ ਵਿੱਚ ਅਸਾਮੀਆਂ ਦੀ ਉਪਲੱਬਧਤਾ ਅਧੀਨ ਭਰੀਆਂ ਜਾਣਗੀਆਂ ।

(XIV) ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਊਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰ ਅਸਾਮੀ ਲਈ ਹੱਕਦਾਰ ਨਹੀਂ ਬਣ ਜਾਣਗੇ। ਅਸਾਮੀਆਂ ਲਈ ਹਰ ਪੱਖੋਂ ਉਮੀਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਨਿਸਚਿਤ ਸਮੇਂ ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਉਸ ਸਬੰਧੀ ਬੋਰਡ ਵੱਲੋਂ ਸਬੰਧਤ ਵਿਭਾਗ ਦੀ ਸ਼ਮੂਲੀਅਤ ਨਾਲ ਗਠਿਤ ਕੀਤੀ ਕਮੇਟੀ ਦਾ ਫੈਸਲਾ ਆਖਰੀ ਹੋਵੇਗਾ ।

(XV) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬੱਧ ਕਰਵਾਏ ਗਏ ਕਿਸੇ ਵੀ ਦਸਤਾਵੇਜ਼ ਦੇ ਗਲਤ ਸਾਬਿਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾਵੇਗੀ ।

(XVI) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀ ਲਈ ਲੋੜੀਂਦੀ ਯੋਗਤਾ ਅਤੇ ਨਿਰਧਾਰਿਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ਼ਾਂ ਦੇ ਆਧਾਰ ਤੇ ਉਮਰ, ਵਿੱਦਿਅਕ ਯੋਗਤਾ ਅਤੇ ਲੋੜੀਂਦੇ ਦਸਤਾਵੇਜ਼ਾਂ ਸਬੰਧੀ ਤਸਦੀਕ ਕਰਨੀ ਹੋਵੇਗੀ। ਇੰਨ੍ਹਾਂ ਦਸਤਾਵੇਜ਼ਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾ/ਯੋਗਤਾਵਾਂ ਪੂਰੀਆਂ ਕਰਨ ਅਤੇ ਉਸਦੀ ਪਾਤਰਤਾ ਸਿੱਧ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(XVII) ਉਮੀਦਵਾਰ ਕਾਉਂਸਲਿੰਗ ਸਮੇਂ ਵਿੱਦਿਅਕ/ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋ ਪਹਿਲਾਂ ਦੇ ਹੋਣੇ ਚਾਹੀਦੇ ਹਨ।

(XVIII) ਯੋਗਤਾ ਦੀ ਬਰਾਬਰਤਾ ਵਿਵਾਦ ਦੇ ਮਾਮਲੇ ਵਿੱਚ ਅਧੀਨ ਸੇਵਾਵਾਂ ਚੋਣ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਹੋਵੇਗਾ ਅਤੇ ਇਹ ਸਭ ਤੇ ਲਾਗੂ ਹੋਵੇਗਾ।

(XIX) ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(XX) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੋਈ ਵੀ ਸੋਧ/ਨੋਟਿਸ/corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(XXI) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰਿਆਂ ਤੇ ਲਾਗੂ ਹੋਵੇਗਾ।

Scanned by CamScanner

(XXII) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜ਼ਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(XXIII) ਇੰਨ੍ਹਾਂ ਅਸਾਮੀਆਂ ਲਈ ਅਪਲਾਈ ਕਰਨ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਤੱਕ ਦਫਤਰ ਦੇ ਫੋਨ ਨੰ: 0172-2298000,2298057,2298032 Ext. 5103, 5106, 5107, 4106 ਤੇ ਸੰਪਰਕ ਕੀਤਾ ਜਾ ਸਕਦਾ ਹੈ ।

ਸਥਾਨ : ਐਸ.ਏ.ਐਸ. ਨਗਰ

ਮਿਤੀ : 11-02-2020

ਸਕੱਤਰ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

Scanned by CamScanner